# H.E. Mr. John Kerry, US Special Presidential Envoy for Climate calls on Prime Minister Shri Narendra Modi

April 07, 2021

## ਜਲਵਾਯੂ ਬਾਰੇ ਅਮਰੀਕਾ ਦੇ ਰਾਸ਼ਟਰਪਤੀ ਦੇ ਵਿਸ਼ੇਸ਼ ਰਾਜਦੂਤ ਮਹਾਮਹਿਮ ਸ਼੍ਰੀ ਜੌਨ ਕੈਰੀ ਨੇ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨਾਲ ਮੁਲਾਕਾਤ ਕੀਤੀ

**7 ਅਪ੍ਰੈਲ, 2021**

ਜਲਵਾਯੂ ਬਾਰੇ ਅਮਰੀਕਾ ਦੇ ਰਾਸ਼ਟਰਪਤੀ ਦੇ ਵਿਸ਼ੇਸ਼ ਰਾਜਦੂਤ ਮਹਾਮਹਿਮ ਸ਼੍ਰੀ ਜੌਨ ਕੈਰੀ ਨੇ ਅੱਜ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨਾਲ ਮੁਲਾਕਾਤ ਕੀਤੀ।

ਸ਼੍ਰੀ ਕੈਰੀ ਨੇ ਰਾਸ਼ਟਰਪਤੀ ਬਾਇਡਨ ਦੁਆਰਾ ਪ੍ਰਧਾਨ ਮੰਤਰੀ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਪ੍ਰਧਾਨ ਮੰਤਰੀ ਨੇ ਕਵਾਡ ਲੀਡਰਸ ਸਮਿਟ ਦੌਰਾਨ ਰਾਸ਼ਟਰਪਤੀ ਬਾਇਡਨ ਨਾਲ ਆਪਣੀ ਤਾਜ਼ਾ ਗੱਲਬਾਤ ਨੂੰ ਬੜੇ ਪਿਆਰ-ਸਤਿਕਾਰ ਨਾਲ ਯਾਦ ਕੀਤਾ ਅਤੇ ਸ਼੍ਰੀ ਕੈਰੀ ਨੂੰ ਰਾਸ਼ਟਰਪਤੀ ਬਾਇਡਨ ਅਤੇ ਉਪ ਰਾਸ਼ਟਰਪਤੀ ਕਮਲਾ ਹੈਰਿਸ ਨੂੰ ਸ਼ੁਭਕਾਮਨਾਵਾਂ ਦੇਣ ਲਈ ਬੇਨਤੀ ਕੀਤੀ।

ਸ਼੍ਰੀ ਕੈਰੀ ਨੇ ਪ੍ਰਧਾਨ ਮੰਤਰੀ ਨੂੰ ਭਾਰਤ ਵਿੱਚ ਪਿਛਲੇ ਦੋ ਦਿਨਾਂ ਦੌਰਾਨ ਆਪਣੇ ਫਲਦਾਇਕ ਅਤੇ ਲਾਭਕਾਰੀ ਵਿਚਾਰ-ਵਟਾਂਦਰੇ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਭਾਰਤ ਦੀਆਂ ਅਭਿਲਾਸ਼ੀ ਅਖੁੱਟ ਊਰਜਾ ਯੋਜਨਾਵਾਂ ਸਮੇਤ, ਇਸ ਦੁਆਰਾ ਕੀਤੇ ਜਾ ਰਹੇ ਜਲਵਾਯੂ ਕੰਮਾਂ ਨੂੰ ਸਕਾਰਾਤਮਕ ਤੌਰ 'ਤੇ ਨੋਟ ਕੀਤਾ। ਉਨ੍ਹਾਂ ਪ੍ਰਧਾਨ ਮੰਤਰੀ ਨੂੰ ਆਉਂਦੇ 22-23 ਅਪ੍ਰੈਲ 2021 ਨੂੰ ਜਲਵਾਯੂ ਬਾਰੇ ਹੋਣ ਵਾਲੇ ਲੀਡਰਸ ਸਮਿਟ ਬਾਰੇ ਜਾਣਕਾਰੀ ਦਿੱਤੀ।

ਪ੍ਰਧਾਨ ਮੰਤਰੀ ਨੇ ਨੋਟ ਕੀਤਾ ਕਿ ਭਾਰਤ ਪੈਰਿਸ ਸਮਝੌਤੇ ਦੇ ਤਹਿਤ ਰਾਸ਼ਟਰੀ ਤੌਰ 'ਤੇ ਆਪਣੇ ਨਿਸ਼ਚਿਤ ਯੋਗਦਾਨਾਂ ਨੂੰ ਪੂਰਾ ਕਰਨ ਲਈ ਪ੍ਰਤੀਬੱਧ ਹੈ ਅਤੇ ਇਹ ਕਿ ਇਨ੍ਹਾਂ ਵਾਅਦਿਆਂ ਨੂੰ ਪੂਰਾ ਕਰਨ ਵਾਲੇ ਕੁਝ ਦੇਸ਼ਾਂ ਵਿੱਚੋਂ ਭਾਰਤ ਇੱਕ ਹੈ। ਸ਼੍ਰੀ ਕੈਰੀ ਨੇ ਨੋਟ ਕੀਤਾ ਕਿ ਸੰਯੁਕਤ ਰਾਜ ਅਮਰੀਕਾ ਗ੍ਰੀਨ ਟੈਕਨੋਲੋਜੀਆਂ ਅਤੇ ਲੋੜੀਂਦੇ ਵਿੱਤ ਤੱਕ ਕਿਫਾਇਤੀ ਪਹੁੰਚ ਦੀਆਂ ਸੁਵਿਧਾਵਾਂ ਦੇ ਕੇ ਭਾਰਤ ਦੀਆਂ ਜਲਵਾਯੂ ਯੋਜਨਾਵਾਂ ਦਾ ਸਮਰਥਨ ਕਰੇਗਾ। ਪ੍ਰਧਾਨ ਮੰਤਰੀ ਨੇ ਇਸ ਗੱਲ 'ਤੇ ਸਹਿਮਤੀ ਜਤਾਈ ਕਿ ਭਾਰਤ ਅਤੇ ਅਮਰੀਕਾ ਦੇ ਦਰਮਿਆਨ ਵਿਸ਼ੇਸ਼ ਤੌਰ 'ਤੇ ਵਿੱਤ ਇਨੋਵੇਸ਼ਨ ਅਤੇ ਗ੍ਰੀਨ ਟੈਕਨੋਲੋਜੀਆਂ ਦੀ ਤੇਜ਼ੀ ਨਾਲ ਤਾਇਨਾਤੀ ਦੇ ਸਬੰਧ ਵਿੱਚ ਸਹਿਯੋਗ ਦਾ ਦੂਸਰੇ ਦੇਸ਼ਾਂ 'ਤੇ ਸਕਾਰਾਤਮਕ ਪ੍ਰਦਰਸ਼ਨੀ ਪ੍ਰਭਾਵ ਪਵੇਗਾ।

**ਨਵੀਂ ਦਿੱਲੀ**

**7 ਅਪ੍ਰੈਲ, 2021**

DISCLAIMER: This is an approximate translation. The original is available in English on MEA's website and may be referred to as the official press release.